ਭੈਰਉ ਮਹਲਾ ੫ ॥ ਊਠਤ ਸੁਖੀਆ ਬੈਠਤ ਸੁਖੀਆ ॥ ਭਉ ਨਹੀ ਲਾਗੈ ਜਾਂ ਐਸੇ ਬੁਝੀਆ ॥ ੧॥ ਰਾਖਾ ਏਕੁ ਹਮਾਰਾ ਸੁਆਮੀ ॥ ਸਗਲ ਘਟਾ ਕਾ ਅੰਤਰਜਾਮੀ ॥੧॥ ਰਹਾਉ ॥ ਸੋਇ ਅਚਿੰਤਾ ਜਾਗਿ ਅਚਿੰਤਾ ॥ ਜਹਾ ਕਹਾਂ ਪ੍ਰਭੁ ਤੂੰ ਵਰਤੰਤਾ ॥੨॥ ਘਰਿ ਸੁਖਿ ਵਸਿਆ ਬਾਹਰਿ ਸੁਖੁ ਪਾਇਆ ॥ ਕਹੁ ਨਾਨਕ ਗੁਰਿ ਮੰਤ੍ਰੁ ਦ੍ਰਿੜਾਇਆ ॥੩॥੨॥ {ਪੰਨਾ 1136}

ਪਦਅਰਥ:- ਊਠਤ ਬੈਠਤ—ਉਠਦਾ ਬੈਠਦਾ ਹਰ ਵੇਲੇ। ਸੁਖੀਆ—ਆਤਮਕ ਆਨੰਦ ਵਿਚ। ਭਉ—(ਕਿਸੇ ਕਿਸਮ ਦਾ) ਡਰ। ਜਾਂ—ਜਦੋਂ। ਐਸੇ—ਇਸ ਤਰ੍ਹਾਂ। ਬੁਝੀਆ—(ਮਨੁੱਖ) ਸਮਝਦਾ ਹੈ।1।

ਹਮਾਰਾ—ਅਸਾਂ ਜੀਵਾਂ ਦਾ। ਸੁਆਮੀ—ਮਾਲਕ। ਘਟਾ ਕਾ—ਘਟਾਂ ਕਾ, ਸਰੀਰਾਂ ਦਾ। ਅੰਤਰਜਾਮੀ—ਦਿਲ ਦੀ ਜਾਣਨ ਵਾਲਾ।1। ਰਹਾਉ।

ਸੋਇ—ਸੌਂਦਾ ਹੈ। ਜਾਗਿ—ਜਾਗੇ, ਜਾਗਦਾ ਹੈ। ਅਚਿੰਤਾ—ਚਿੰਤਾ-ਰਹਿਤ ਹੋ ਕੇ। ਜਹਾ ਕਹਾਂ—ਜਿੱਥੇ ਕਿੱਥੇ, ਹਰ ਥਾਂ। ਪ੍ਰਭੁ ਤੂੰ—ਤੂੰ ਪ੍ਰਭੂ ਹੀ। ਵਰਤੰਤਾ—ਮੌਜੂਦ ਹੈਂ।2।

ਘਰਿ—ਘਰ ਵਿਚ। ਸੁਖਿ—ਆਨੰਦ ਵਿਚ। ਬਾਹਰਿ—ਘਰੋਂ ਬਾਹਰ। ਸੁਖੁ—ਆਨੰਦ। ਕਹੁ—ਆਖ। ਨਾਨਕ—ਹੇ ਨਾਨਕ! ਗੁਰਿ—ਗੁਰੂ ਨੇ। ਮੰਤ੍ਰੁ—ਉਪਦੇਸ਼। ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ।3।

ਅਰਥ:- ਹੇ ਭਾਈ! ਅਸਾਂ ਜੀਵਾਂ ਦਾ ਰਾਖਾ ਇਕ ਮਾਲਕ-ਪ੍ਰਭੂ ਹੀ ਹੈ। ਸਾਡਾ ਉਹ ਮਾਲਕ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ।1। ਰਹਾਉ।

ਹੇ ਭਾਈ! ਜਦੋਂ ਕੋਈ ਮਨੁੱਖ ਇਉਂ ਸਮਝ ਲੈਂਦਾ ਹੈ (ਕਿ ਪਰਮਾਤਮਾ ਹੀ ਸਭ ਦਾ ਰਾਖਾ ਹੈ) ਤਦੋਂ ਉਸ ਨੂੰ ਕਿਸੇ ਕਿਸਮ ਦਾ ਕੋਈ (ਮੌਤ ਆਦਿਕ ਦਾ) ਡਰ ਪੋਹ ਨਹੀਂ ਸਕਦਾ; ਉਹ ਉਠਦਾ ਬੈਠਦਾ ਹਰ ਵੇਲੇ ਆਤਮਕ ਆਨੰਦ ਮਾਣਦਾ ਹੈ।1।

ਹੇ ਭਾਈ! (ਜਦੋਂ ਮਨੁੱਖ ਇਹ ਸਮਝ ਲੈਂਦਾ ਹੈ ਕਿ ਇਕ ਪਰਮਾਤਮਾ ਹੀ ਸਭ ਜੀਵਾਂ ਦਾ ਰਾਖਾ ਹੈ, ਤਦੋਂ ਮਨੁੱਖ ਹਰ ਵੇਲੇ ਇਹ ਆਖਣ ਲੱਗ ਪੈਂਦਾ ਹੈ ਕਿ ਹੇ ਸੁਆਮੀ!) ਤੂੰ ਪ੍ਰਭੂ ਹੀ ਹਰ ਥਾਂ ਮੌਜੂਦ ਹੈਂ, ਤਾਂ ਉਹ ਮਨੁੱਖ ਨਿਸਚਿੰਤ ਹੋ ਕੇ ਸੌਂਦਾ ਹੈ ਨਿਸਚਿੰਤ ਹੋ ਕੇ ਜਾਗਦਾ ਹੈ।2।

ਹੇ ਨਾਨਕ! ਆਖ—ਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ (ਇਹ) ਉਪਦੇਸ਼ ਪੱਕਾ ਕਰ ਦਿੱਤਾ (ਕਿ ਪਰਮਾਤਮਾ ਹੀ ਅਸਾਂ ਸਭ ਜੀਵਾਂ ਦਾ ਰਾਖਾ ਹੈ,) ਉਹ ਮਨੁੱਖ ਆਪਣੇ ਘਰ ਵਿਚ (ਭੀ) ਸੁਖੀ ਵੱਸਦਾ ਹੈ, ਉਹ ਘਰੋਂ ਬਾਹਰ (ਜਾ ਕੇ) ਭੀ ਆਨੰਦ ਮਾਣਦਾ ਹੈ।3।2।